# ਦਫਤਰ ਜਿਲਾ ਮੈਜਿਸਟਰੇਟ, ਜਲੰਧਰ
**Office of the District Magistrate**
Jalandhar (Punjab)

No. ..............................
Date ..............................

Phone :0181-2224783(O)
:0181-2489664(R)
Fax :0181-2224727
Email: dc.jal@punjabmail.gov.in


## ਹੁਕਮ-

ਕੋਵਿਡ-19 (ਕਰੋਨਾ ਵਾਇਰਸ) ਵਾਇਰਸ ਵੱਲੋਂ ਪੂਰੇ ਵਿਸ਼ਵ ਵਿੱਚ ਦਹਿਸ਼ਤ ਫੈਲਾਈ ਹੈ। ਜਿਸ ਨੂੰ ਸਰਕਾਰ ਵੱਲੋਂ ਵੀ ਮਹਾਂਮਾਰੀ ਬਿਮਾਰੀ ਘੋਸ਼ਿਤ ਕੀਤਾ ਜਾ ਚੁੱਕਾ ਹੈ ਅਤੇ ਇਸ ਨੇ ਆਪਣੇ ਪੈਰ ਭਾਰਤ ਵਿੱਚ ਵੀ ਪਸਾਰਨੇ ਸ਼ੁਰੂ ਕਰ ਦਿੱਤੇ ਹਨ। ਜਿਸ ਦੀ ਰੋਕਥਾਮ ਕਰਨੀ ਬਹੁਤ ਜਰੂਰੀ ਹੋ ਚੁੱਕੀ ਹੈ।

ਜਿਸ ਨੂੰ ਮੁੱਖ ਰੱਖਦੇ ਹੋਏ ਮੇਰੇ ਹੁਕਮ ਜੋ ਕਿ ਇਸ ਦਫਤਰ ਦੇ ਪੱਤਰ ਨੰ 3062-85/ਐਮ.ਸੀ-4/ਐਮ.ਏ ਮਿਤੀ 23-03-2020 ਰਾਂਹੀ ਜਿਲ੍ਹਾ ਜਲੰਧਰ ਵਿੱਚ ਕਰਫਿਊ ਲਾਗੂ ਕਰਨ ਸਬੰਧੀ ਜਾਰੀ ਕੀਤੇ ਗਏ ਸਨ। ਕੁਝ ਸਮਾਜ ਸੇਵੀ ਸੰਸਥਾਵਾਂ ਵੱਲੋਂ ਸ਼ਹਿਰੂ ਅਤੇ ਪੇਂਡੂ ਇਲਾਕੇ ਵਿੱਚ ਕੀਟ ਨਾਸ਼ਕ ਦੇ ਸਪਰੇਅ ਦੀ ਮਨਸ਼ਾ ਜਾਹਰ ਕੀਤੀ ਗਈ ਹੈ ਕਿਉਂਕਿ ਇਹ ਕੰਮ ਲੋਕਾਂ ਨੂੰ ਬਚਾਉਣ ਲਈ ਲੋਕ ਹਿੱਤ ਵਿੱਚ ਕੀਤਾ ਜਾ ਰਿਹਾ ਹੈ। ਇਸ ਲਈ ਕਰਫਿਊ ਦੇ ਦੌਰਾਨ ਸਮਾਜ ਸੇਵੀ ਸੰਸਥਾਵਾਂ ਨੂੰ COVID-19 ਦੇ ਬਚਾਅ ਲਈ ਸ਼ਹਿਰੂ ਅਤੇ ਪੇਂਡੂ ਇਲਾਕੇ ਵਿੱਚ ਕਿਸੇ ਵੀ ਕਿਸਮ ਦੇ ਵਹੀਕਲ/ਟਰੈਕਟਰ ਆਦਿ ਰਾਂਹੀ ਕੀਟਨਾਸ਼ਕ (Disinfectant) ਦੇ ਸਪਰੇਅ ਦੀ ਛੋਟ ਦਿੱਤੀ ਜਾਂਦੀ ਹੈ। ਇਹਨਾਂ ਸੰਸਥਾਵਾਂ ਵੱਲੋਂ ਸਪਰੇਅ ਵੇਲੇ ਇੱਕ ਵਹੀਕਲ ਉੱਤੇ ਸਿਰਫ ਦੋ ਹੀ ਵਿਅਕਤੀ ਚਲਣ ਦੇ ਹੱਕਦਾਰ ਹੋਣਗੇ। ਇਹਨਾਂ ਸੰਸਥਾਵਾਂ ਵੱਲੋਂ ਸਪਰੇਅ ਸਮੇਂ COVID-19 ਸਬੰਧੀ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਬਣਦੀ ਅਹਿਤਿਆਤ (Precautions) ਵਰਤਣੀ ਯਕੀਨੀ ਬਣਾਉਣਗੇ।

ਜਿਲ੍ਹਾ ਮੈਜਿਸਟਰੇਟ
ਜਲੰਧਰ
26/3/2020

ਪਿੱਠ ਅੰਕਣ ਨੰ. 4196-4214/ਐਮ.ਸੀ.4/ਐਮ.ਏ ਮਿਤੀ- 26/03/2020

ਇਸ ਦਾ ਇਕ ਉਤਾਰਾ ਹੇਠ ਦਰਜ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ।
3. ਡੀ.ਜੀ.ਪੀ, ਪੰਜਾਬ, ਚੰਡੀਗੜ੍ਹ।
4. ਕਮਿਸ਼ਨਰ ਜਲੰਧਰ ਮੰਡਲ, ਜਲੰਧਰ
5. ਜਿਲ੍ਹਾ ਅਤੇ ਸੈਸ਼ਨ ਜੱਜ, ਜਲੰਧਰ।
6. ਗ੍ਰਹਿ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
7. ਡਾਇਰੈਕਟਰ, ਜਨਰਲ ਪੁਲਿਸ, ਪੰਜਾਬ, ਚੰਡੀਗੜ੍ਹ।
8. ਡੀ.ਆਈ.ਜੀ ਪੁਲਿਸ ਜਲੰਧਰ ਰੇਂਜ ਜਲੰਧਰ।
9. ਕਮਿਸ਼ਨਰ ਆਫ ਪੁਲਿਸ ਜਲੰਧਰ ਅਤੇ ਸੀਨੀਅਰ ਪੁਲਿਸ ਕਪਤਾਨ (ਦਿਹਾਤੀ) ਜਲੰਧਰ
10. ਸਮੂਹ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਜਲੰਧਰ।
11. ਕਮਿਸ਼ਨਰ ਨਗਰ ਨਿਗਮ, ਜਲੰਧਰ
12. ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ ਦਫਤਰ, ਜਲੰਧਰ
13. ਜਿਲ੍ਹਾ ਕੰਟਰੋਲਰ, ਖੁਰਾਕ ਅਤੇ ਸਿਵਲ ਸਪਲਾਈ, ਜਲੰਧਰ
14. ਮੁੱਖ ਖੇਤੀਬਾੜੀ ਅਫਸਰ, ਜਲੰਧਰ
15. ਡਿਪਟੀ ਡਾਇਰੈਕਟਰ, ਡੇਅਰੀ, ਜਲੰਧਰ
16. ਜਿਲ੍ਹਾ ਅਟਾਰਨੀ ਜਲੰਧਰ
17. ਸਮੂਹ ਤਹਿਸੀਲਦਾਰ/ਨਾਇਬ ਤਹਿਸੀਲਦਾਰ, ਜਿਲ੍ਹਾ ਜਲੰਧਰ
18. ਜਿਲ੍ਹਾ ਲੋਕ ਸੰਪਰਕ ਅਫਸਰ, ਜਲੰਧਰ
19. ਸੁਪਰਡੰਟ ਗਰੇਡ-1, ਪੀ.ਏ. ਟੂ ਡੀ.ਐਮ., ਸਟੈਨੋ ਟੂ ਏ.ਡੀ.ਐਮ, ਸਟੈਨੋ ਟੂ ਏ.ਸੀ(ਜ), ਸਟੈਨੋ ਟੂ ਏ.ਸੀ(ਸ਼)

ਵਾ. ਜਿਲ੍ਹਾ ਮੈਜਿਸਟਰੇਟ
ਜਲੰਧਰ।